ਆਸਾ ਮਹਲਾ ੫ ॥ ਬਾਵਰ ਸੋਇ ਰਹੇ ॥੧॥ ਰਹਾਉ ॥ ਮੋਹ ਕੁਟੰਬ ਬਿਖੈ ਰਸ ਮਾਤੇ ਮਿਥਿਆ ਗਹਨ ਗਹੇ ॥੧॥ ਮਿਥਨ ਮਨੋਰਥ ਸੁਪਨ ਆਨੰਦ ਉਲਾਸ ਮਨਿ ਮੁਖਿ ਸਤਿ ਕਹੇ ॥ ੨॥ ਅੰਮ੍ਰਿਤੁ ਨਾਮੁ ਪਦਾਰਥੁ ਸੰਗੇ ਤਿਲੁ ਮਰਮੁ ਨ ਲਹੇ ॥ ੩॥ ਕਰਿ ਕਿਰਪਾ ਰਾਖੇ ਸਤਸੰਗੇ ਨਾਨਕ ਸਰਣਿ ਆਹੇ ॥੪॥੨॥੧੪੨॥ {ਪੰਨਾ 406}

ਪਦਅਰਥ:- ਬਾਵਰ—ਕਮਲੇ, ਝਲੇ, ਪਾਗਲ।1। ਰਹਾਉ।

ਬਿਖੈ ਰਸ—ਵਿਸ਼ਿਆਂ ਦੇ ਸੁਆਦ। ਮਿਥਿਆ ਗਹਨ ਗਹੇ—ਝੂਠੀਆਂ ਮੱਲਾਂ ਮੱਲਦੇ ਹਨ।2।

ਮਿਥਨ ਮਨੋਰਥ—ਝੂਠੀਆਂ ਮਨੋ-ਕਾਮਨਾਂ। ਉਲਾਸ—ਚਾਉ, ਖ਼ੁਸ਼ੀਆਂ। ਮਨਿ—ਮਨ ਵਿਚ। ਮੁਖਿ—ਮੂੰਹ ਨਾਲ। ਸਤਿ—ਸਦਾ ਕਾਇਮ ਰਹਿਣ ਵਾਲੇ।2।

ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ। ਮਰਮੁ—ਭੇਤ।3।

ਆਹੇ—ਆਏ ਹਨ।4।

ਅਰਥ:- (ਮਾਇਆ ਦੇ ਮੋਹ ਵਿਚ) ਝੱਲੇ ਹੋਏ ਮਨੁੱਖ (ਗ਼ਫ਼ਲਤ ਦੀ ਨੀਂਦ ਵਿਚ) ਸੁੱਤੇ ਰਹਿੰਦੇ ਹਨ।1। ਰਹਾਉ।

(ਹੇ ਭਾਈ! ਅਜੇਹੇ ਬੰਦੇ) ਪਰਵਾਰ ਦੇ ਮੋਹ ਅਤੇ ਵਿਸ਼ਿਆਂ ਦੇ ਸੁਆਦਾਂ ਵਿਚ ਮਸਤ ਹੋ ਕੇ ਕੂੜੀਆਂ ਮੱਲਾਂ ਮੱਲਦੇ ਰਹਿੰਦੇ ਹਨ।1।

(ਹੇ ਭਾਈ! ਮਾਇਆ ਦੇ ਮੋਹ ਵਿਚ ਪਾਗਲ ਹੋਏ ਮਨ) ਉਹਨਾਂ ਪਦਾਰਥਾਂ ਦੀ ਲਾਲਸਾ ਕਰਦੇ ਰਹਿੰਦੇ ਹਨ ਜਿਨ੍ਹਾਂ ਨਾਲ ਸਾਥ ਨਹੀਂ ਨਿਭਣਾ ਜੋ ਸੁਪਨਿਆਂ ਵਿਚ ਪ੍ਰਤੀਤ ਹੋ ਰਹੇ ਮੌਜ-ਮੇਲਿਆਂ ਵਾਂਗ ਹਨ, (ਅਜੇਹੇ ਬੰਦੇ) ਇਹਨਾਂ ਪਦਾਰਥਾਂ ਨੂੰ ਆਪਣੇ ਮਨ ਵਿਚ ਸਦਾ ਕਾਇਮ ਰਹਿਣ ਵਾਲੇ ਸਮਝਦੇ ਹਨ, ਮੂੰਹੋਂ ਭੀ ਉਹਨਾਂ ਨੂੰ ਹੀ ਪੱਕੇ ਸਾਥੀ ਆਖਦੇ ਹਨ।2।

ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਹੀ ਸਦਾ ਸਾਥ ਦੇਣ ਵਾਲਾ ਪਦਾਰਥ ਹੈ, ਪਰ ਮਾਇਆ ਦੇ ਮੋਹ ਵਿਚ ਝੱਲੇ ਹੋਏ ਮਨੁੱਖ ਇਸ ਹਰਿ-ਨਾਮ ਦਾ ਭੇਤ ਰਤਾ ਭੀ ਨਹੀਂ ਸਮਝਦੇ।3।

(ਜੀਵਾਂ ਦੇ ਭੀ ਕੀਹ ਵੱਸ?) ਹੇ ਨਾਨਕ! ਪ੍ਰਭੂ ਮੇਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ ਸਾਧ ਸੰਗਤਿ ਵਿਚ ਰੱਖਦਾ ਹੈ ਉਹੀ ਉਸ ਪ੍ਰਭੂ ਦੀ ਸਰਨ ਆਏ ਰਹਿੰਦੇ ਹਨ।4।2। 142।